ਡਿਪਟੀ ਕਮਿਸ਼ਨਰ ਵੱਲੋਂ ਨੈਸ਼ਨਲ ਟਿਓੂਬਰਕਲੋਸਿਸ ਕੰਟਰੋਲ ਪ੍ਰੋਗਰਾਮ ਤਹਿਤ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ

ਪ੍ਰਾਈਵੇਟ ਹਸਪਤਾਲਾਂ ਨੂੰ ਸਿਹਤ ਵਿਭਾਗ ਦਾ ਸਹਿਯੋਗ ਕਰਨ ਲਈ ਕਿਹਾ

ਸਰਕਾਰੀ ਹਸਪਾਤਾਲਾਂ ਵਿੱਚ ਬਿੱਲਕੁੱਲ ਮੁਫ਼ਤ ਹੁੰਦਾ ਹੈ ਟੀ.ਬੀ. ਦਾ ਇਲਾਜ

ਤਰਨਤਾਰਨ, 5 ਦਸੰਬਰ :

ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਵੱਲੋਂ ਨੈਸ਼ਨਲ ਟਿਓੂਬਰਕਲੋਸਿਸ ਕੰਟਰੋਲ ਪ੍ਰੋਗਰਾਮ (ਆਰ.ਐਨ.ਟੀ.ਸੀ.ਪੀ.) ਦੇ ਤਹਿਤ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੀਟਿੰਗ ਕੀਤੀ ਗਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਸੰਦੀਪ ਰਿਸ਼ੀ, ਸਿਵਲ ਸਰਜਨ ਡਾ. ਸ਼ਮਸ਼ੇਰ ਸਿੰਘ, ਜ਼ਿਲ੍ਹਾ ਟੀ.ਬੀ. ਅਫ਼ਸਰ ਡਾ. ਰਮਨਜੋਤ ਕੌਰ ਤੋਂ ਇਲਾਵਾ ਆਈ.ਐਮ.ਏ. ਦੇ ਨੁਮਾਇੰਦੇ ਮੌਜੂਦ ਸਨ।



ਇਸ ਮੌਕੇ ’ਤੇ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਪ੍ਰਾਈਵੇਟ ਹਸਪਤਾਲਾਂ ਦੇ ਸੰਚਾਲਕਾਂ ਨੂੰ ਹਦਾਇਤ ਕੀਤੀ ਕਿ ਉਨ੍ਹਾਂ ਕੋਲ ਜੇਕਰ ਕੋਈ ਟੀ.ਬੀ. ਦੀ ਮਰੀਜ ਆਉਦਾ ਹੈ ਤਾਂ ਇਸ ਸਬੰਧੀ ਜਾਣਕਾਰੀ

ਸਿਹਤ ਵਿਭਾਗ ਨੂੰ ਦਿੱਤੀ ਜਾਵੇ। ਉਨ੍ਹਾਂ ਹਸਪਤਾਲ ਸੰਚਾਲਕਾਂ ਨੂੰ ਸਿਹਤ ਵਿਭਾਗ ਨੂੰ ਸਹਿਯੋਗ ਦੇਣ ਲਈ ਵੀ ਕਿਹਾ।

ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ 4 ਤੋਂ 18 ਦਸੰਬਰ ਤੱਕ ਟੀ.ਬੀ. ਸਬੰਧੀ ਜਾਗਰੂਕਤਾ ਮੁਹਿੰਮ ਚਲਾਈ ਗਈ ਹੈ, ਜਿਸਦੇ ਤਹਿਤ ਲੋਕਾਂ ਨੂੰ ਘਰ-ਘਰ ਜਾ ਕੇ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸਿਵਲ ਸਰਜਨ ਦਫ਼ਤਰ ’ਚ ਇੱਕ ਵੱਡੀ ਮਸ਼ੀਨ ਜੋ ਕਿ ਟੀ.ਬੀ. ਦੀ ਬੀਮਾਰੀ ਦੀ ਜਾਂਚ ਕਰਦੀ ਹੈ, ਉਥੇ ਟੀ.ਬੀ. ਦੇ ਮਰੀਜ਼ ਆਪਣੀ ਜਾਂਚ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਸਰਕਾਰੀ ਹਸਪਤਾਲਾਂ ਵਿੱਚ ਟੀ.ਬੀ. ਦਾ ਇਲਾਜ ਬਿਲੱਕੁਲ ਮੁਫ਼ਤ ਕੀਤੀ ਜਾਂਦਾ ਹੈ। ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਲੋਕਾਂ ਨੂੰ ਟੀ.ਬੀ. ਦੀ ਬੀਮਾਰੀ ਸਬੰਧੀ ਵੱਧ ਤੋਂ ਵੱਧ ਜਾਗਰੂਕ ਕਰਨ।

----------------------